**ਪ੍ਰੈਸ ਨੋਟ**
**17.02.2024**

**ਬਠਿੰਡਾ ਪੁਲਿਸ ਵੱਲੋਂ ਮੋਬਾਈਲ ਫੋਨ ਤੇ ਧਮਕੀ ਦੇ ਕੇ ਫਿਰੋਤੀਆਂ ਮੰਗਣ ਵਾਲੇ ਗਿਰੋਹ ਦੇ ਇੱਕ ਮੈਂਬਰ ਨੂੰ ਅਸਲੇ ਸਮੇਤ ਕੀਤਾ ਕਾਬੂ**

**ਇਸਦੇ ਕਬਜੇ ਵਿੱਚੋਂ .315 ਬੋਰ ਦੇਸੀ ਪਿਸਤੌਲ ਸਮੇਤ 2 ਜਿੰਦਾ ਕਾਰਤੂਸ .315 ਅਤੇ ਇੱਕ ਮੋਬਾਈਲ ਫੋਨ ਬਰਾਮਦ ਕੀਤਾ ਗਿਆ।**

ਬਠਿੰਡਾ (       ) ਮਾੜੇ ਅਨਸਰਾਂ ਤੇ ਨਕੇਲ ਕੱਸਣ ਲਈ ਵਿੱਢੀ ਗਈ ਮੁਹਿੰਮ ਤਹਿਤ ਸ਼੍ਰੀ ਗੌਰਵ ਯਾਦਵ ਆਈ.ਪੀ.ਐੱਸ ਡੀ.ਜੀ.ਪੀ ਪੰਜਾਬ ਜੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਸ਼੍ਰੀ ਹਰਮਨਬੀਰ ਸਿੰਘ ਆਈ.ਪੀ.ਐੱਸ ਐੱਸ.ਐੱਸ.ਪੀ ਬਠਿੰਡਾ, ਸ਼੍ਰੀ ਅਜੈ ਗਾਂਧੀ ਆਈ.ਪੀ.ਐੱਸ ਐੱਸ.ਪੀ ਡਿਟੈਕਟਿਵ ਬਠਿੰਡਾ ਦੀ ਨਿਗਰਾਨੀ ਵਿੱਚ ਜਿਲ੍ਹੇ ਸ਼ਰਾਰਤੀ ਅਨਸਰਾਂ ਤੇ ਨਜਰ ਰੱਖਣ ਲਈ ਪੀ.ਸੀ.ਆਰ ਪਾਰਟੀਆਂ ਵੱਲੋਂ ਦਿਨ-ਰਾਤ ਗਸ਼ਤਾਂ ਪੈਟਰੌਲਿੰਗ ਕੀਤੀ ਜਾ ਰਹੀ ਹੈ।ਬਠਿੰਡਾ ਪੁਲਿਸ ਦੇ ਸੀ.ਆਈ.ਏ ਸਟਾਫ-1 ਦੀ ਪੁਲਿਸ ਪਾਰਟੀ ਵੱਲੋਂ ਗੈਂਗਸਟਰ ਅਰਸ਼ ਡਾਲਾ ਦਾ ਸਾਥੀ ਜੋ ਕਿ ਕਾਰੋਬਾਰੀ ਲੋਕਾਂ ਨੂੰ ਫੋਨ ਕਰਕੇ ਫਿਰੋਤੀਆ ਦੀ ਮੰਗ ਕਰਦਾ ਹੈ ਅਤੇ ਫਿਰੋਤੀ ਨਾ ਦੇਣ ਦੀ ਸੂਰਤ ਵਿੱਚ ਕਾਰੋਬਾਰੀਆਂ ਦੇ ਘਰਾਂ/ਦੁਕਾਨਾਂ ਉੱਪਰ ਫਾਇਰਿੰਗ ਕਰ ਦਿੰਦਾ ਹੈ ਨੂੰ ਗ੍ਰਿਫਤਾਰ ਕਰਕੇ ਉਸਦੇ ਕਬਜੇ ਵਿੱਚੋਂ ਇੱਕ ਪਿਸਤੌਲ .315 ਬੋਰ ਸਮੇਤ 2 ਜਿੰਦਾ ਰੌਂਦ .315 ਬੋਰ ਅਤੇ ਇੱਕ ਮੋਬਾਈਲ ਫੋਨ ਬਰਾਮਦ ਕਰਕੇ ਸਫਲਤਾ ਹਾਸਲ ਕੀਤੀ।

ਸ਼੍ਰੀ ਰਾਜੇਸ਼ ਕੁਮਾਰ ਡੀ.ਐੱਸ.ਪੀ (ਡੀ) ਬਠਿੰਡਾ ਵੱਲੋਂ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੀ.ਆਈ.ਏ ਸਟਾਫ-1 ਦੀ ਪੁਲਿਸ ਪਾਰਟੀ ਨੂੰ ਮੁਖਬਰੀ ਦੇ ਅਧਾਰ ਪਰ ਸੂਚਨਾ ਮਿਲੀ ਕਰਨਦੀਪ ਸਿੰਘ ਕੰਨੂ ਪੁੱਤਰ ਲਖਵਿੰਦਰ ਸਿੰਘ ਵਾਸੀ ਮੌੜ ਮੰਡੀ ਜੋ ਕਿ ਬਠਿੰਡਾ ਵਿਖੇ ਭੱਟੀ ਰੋਡ ਪਰ ਫਿਰੋਤੀ ਨਾ ਮਿਲਣ ਤੇ ਕਿਸੇ ਕਾਰੋਬਾਰੀ ਦੇ ਫਾਇਰਿੰਗ ਕਰਨ ਆ ਰਿਹਾ ਸੀ ਜਿਸ ਤੇ ਬਠਿੰਡਾ ਪੁਲਿਸ ਦੀ ਸੀ.ਆਈ.ਸਟਾਫ-1 ਦੀ ਪੁਲਿਸ ਪਾਰਟੀ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਰੰਗੇ ਹੱਥੀ ਗ੍ਰਿਫਤਾਰ ਕਰਕੇ ਇਸਦੇ ਖਿਲਾਫ ਮੁਕੱਦਮਾ ਨੰਬਰ 18 ਮਿਤੀ 16/2/2024 ਅ/ਧ 25/54/59 ਅਸਲਾ ਐਕਟ ਥਾਣਾ ਸਿਵਲ ਲਾਈਨ ਦਰਜ ਰਜਿਸਟਰ ਕਰਕੇ ਉਸਦੇ ਕਬਜੇ ਵਿੱਚੋਂ**.315 ਬੋਰ ਦੇਸੀ ਪਿਸਤੌਲ ਸਮੇਤ 2 ਜਿੰਦਾ ਕਾਰਤੂਸ .315 ਅਤੇ ਇੱਕ ਮੋਬਾਈਲ ਫੋਨ ਬਰਾਮਦ ਕੀਤਾ ਗਿਆ।** ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ ਜਿਸਤੋਂ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

**ਗ੍ਰਿਫਤਾਰੀ:**

1. ਕਰਨਦੀਪ ਸਿੰਘ ਕੰਨੂ ਪੁੱਤਰ ਲਖਵਿੰਦਰ ਸਿੰਘ ਵਾਸੀ ਮੌੜ ਮੰਡੀ ਉਮਰ 21 ਸਾਲ

**ਬਰਾਮਦਗੀ**

**ਦੇਸੀ ਪਿਸਤੌਲ .315 ਬੋਰ ਸਮੇਤ 2 ਜਿੰਦਾ ਕਾਰਤੂਸ .315 ਅਤੇ ਇੱਕ ਮੋਬਾਈਲ ਫੋਨ**